**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 21-04-2024**

- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਕੇਂਦਰੀ ਮੰਤਰੀ ਅਨੁਰਾਗ ਸਿੰਘ ਠਾਕੁਰ ਅਨੁਸਾਰ ਆਪਣੇ ਲੰਬੇ ਸ਼ਾਸਨ ਦੌਰਾਨ ਕਿਸਾਨਾਂ ਦੀ ਕੋਈ ਸਾਰ ਨਾ ਲੈਣ ਵਾਲੀ ਕਾਂਗਰਸ ਨੂੰ ਕਿਸਾਨਾਂ ਬਾਰੇ ਬੋਲਣ ਦਾ ਕੋਈ ਹੱਕ ਨਹੀਂ ਏ।
- ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ, ਕਣਕ ਦੇ ਖਰੀਦ ਪ੍ਰਬੰਧਾਂ ਅਤੇ ਮੌਸਮ ਨਾਲ ਹੋਏ ਖਰਾਬੇ ਦਾ ਜਾਇਜ਼ਾ ਲਿਆ - ਫ਼ਸਲਾਂ ਦੀ ਤੁਰੰਤ ਖਰੀਦ ਅਤੇ ਅਦਾਇਗੀ ਯਕੀਨੀ ਬਣਾਉਣ ਦੇ ਹੁਕਮ ਦਿਤੇ।
- ਪੰਜਾਬ ਵਿਚ ਸਵੀਪ ਗਤੀਵਿਧੀਆਂ ਰਾਹੀਂ, ਲੋਕਾਂ ਨੂੰ ਜਾਗਰੂਕ ਕਰਨ ਦਾ ਸਿਲਸਿਲਾ ਜਾਰੀ।
- ਅੱਜ ਮਹਾਵੀਰ ਜੈਯੰਤੀ ਸ਼ਰਧਾ ਭਾਵ ਨਾਲ ਮਨਾਈ ਜਾ ਰਹੀ ਏ।

---

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਅਤੇ ਕੇਂਦਰੀ ਸੂਚਨਾ ਤੇ

ਪ੍ਰਸਾਰਣ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਏ, ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ, ਦੇਸ਼ ਦੇ ਵਿਕਾਸ ਦੇ ਨਾਲ-ਨਾਲ ਵਿਰਾਸਤ ਨੂੰ ਵੀ ਸੰਭਾਲਿਆ ਏ। ਜਲੰਧਰ ਵਿਚ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਆਪਣੇ ਲੰਬੇ ਸ਼ਾਸਨ ਦੌਰਾਨ ਕਿਸਾਨਾਂ ਦੀ ਸਾਰ ਨਹੀਂ ਲਈ, ਜਦਕਿ ਕੇਂਦਰ ਸਰਕਾਰ ਨੇ ਕਿਸਾਨਾਂ ਦੀ ਭਲਾਈ ਲਈ ਕਈ ਕਦਮ ਚੁਕੇ ਨੇ ਜਿਨਾਂ ਦਾ ਲਾਭ ਅੱਜ ਕਿਸਾਨ ਭਾਈਚਾਰੇ ਨੂੰ ਹੋ ਰਿਹਾ ਏ।

---------------------------------------------------------

ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸੂਬੇ ਵਿੱਚ ਚੱਲ ਰਹੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਅਤੇ ਬੇਮੌਸਮੀ ਮੀਂਹ ਨਾਲ ਹੋਏ ਖਰਾਬ ਹੋਈ ਫਸਲ ਦਾ ਜਾਇਜ਼ਾ ਲੈਣ ਲਈ ਅੱਜ ਚੰਡੀਗੜ੍ਹ ਵਿਖੇ ਸਮੂਹ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ ਮੁੱਖ ਸਕੱਤਰ ਨੇ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਦਿੱਤਾ ਕਿ ਉਹ, ਹਰ ਹਾਲਤ ਵਿੱਚ ਯਕੀਨੀ ਬਣਾਉਣ ਕਿ ਕਿਸਾਨਾਂ ਵੱਲੋਂ ਮੰਡੀ ਵਿੱਚ ਲਿਆਂਦੀ ਗਈ ਫਸਲ ਦੀ ਫੌਰੀ ਤੌਰ ਉਤੇ ਖਰੀਦ ਹੋਵੇ। ਇਸ ਦੇ ਨਾਲ ਹੀ 48 ਘੰਟੇ ਦੇ ਅੰਦਰ-ਅੰਦਰ ਖਰੀਦੀ ਫਸਲ ਦੀ ਅਦਾਇਗੀ, ਕਿਸਾਨ ਦੇ ਖਾਤੇ ਵਿੱਚ ਯਕੀਨੀ ਬਣਾਈ ਜਾਵੇ। ਅਨੁਰਾਗ ਵਰਮਾ ਨੇ ਡਿਪਟੀ ਕਮਿਸ਼ਨਰਾਂ

ਨੂੰ, ਹਰ ਰੋਜ਼ ਆਪਣੇ ਜਿਲ੍ਹੇ ਦੀ ਖਰੀਦ ਏਜੰਸੀਆਂ ਨਾਲ ਮੀਟਿੰਗ ਕਰਕੇ ਜਿਲ੍ਹੇ ਦੀ ਹਰ ਮੰਡੀ ਦੇ ਵਿੱਚ ਹੋ ਰਹੀ ਖਰੀਦ ਦੀ ਸਮੀਖਿਆ ਕਰਨ ਦਾ ਹੁਕਮ ਵੀ ਦਿੱਤਾ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ, ਨੁਕਸਾਨ ਸਬੰਧੀ ਸਰਕਾਰ ਨੂੰ ਫੌਰੀ ਤੌਰ ਉਤੇ ਰਿਪੋਰਟ ਭੇਜਣ ਵਾਸਤੇ ਆਖਿਆ, ਜਿਸ ਕਿਸੇ ਪਿੰਡ ਵਿੱਚ ਵੀ ਬੇਮੌਸਮੀ ਬਾਰਿਸ਼ ਕਾਰਨ ਫਸਲ ਦਾ ਨੁਕਸਾਨ ਹੋਇਆ ਏ, ਉਸ ਪਿੰਡ ਦੇ ਡਿਪਟੀ ਕਮਿਸ਼ਨਰ ਜਾਂ ਐਸ.ਡੀ.ਐਮ. ਵੱਲੋਂ ਨਿੱਜੀ ਤੌਰ ਉਤੇ ਦੌਰਾ ਕੀਤਾ ਜਾਵੇ। ਮੁੱਖ ਸਕੱਤਰ ਨੇ ਦੱਸਿਆ ਕਿ ਇਸ ਸੀਜ਼ਨ ਦੌਰਾਨ ਮੰਡੀਆਂ ਵਿੱਚ ਕੁੱਲ 132 ਲੱਖ ਮੀਟਿਰਕ ਟਨ ਕਣਕ ਦੀ ਆਮਦ ਦੀ ਸੰਭਾਵਨਾ ਏ। ਇਸ ਵਿੱਚੋਂ ਹੁਣ ਤੱਕ ਮੰਡੀਆਂ ਵਿੱਚ 17 ਲੱਖ 14 ਹਜ਼ਾਰ ਮੀਟਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਏ । ਸੂਬੇ ਦੀਆਂ ਖਰੀਦ ਏਜੰਸੀਆਂ ਨੇ ਇਸ ਵਿੱਚੋਂ 13 ਲੱਖ 23 ਹਜ਼ਾਰ ਮੀਟਰਿਕ ਟਨ ਕਣਕ ਦੀ ਖ਼ਰੀਦ ਕੀਤੀ ਏ। ਉਨ੍ਹਾਂ ਦਸਿਆ ਕਿ ਹੁਣ ਤਕ ਹੁਣ ਤੱਕ ਕਿਸਾਨਾਂ ਨੂੰ 898 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ। ਮੁੱਖ ਸਕੱਤਰ ਨੇ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਦਿੱਤਾ ਕਿ ਉਹ, ਖਰੀਦੀ ਫਸਲ ਦੀ ਚੁਕਾਈ ਵੱਲ ਵੀ ਵਿਸ਼ੇਸ਼ ਧਿਆਨ ਦੇਣ।

---

ਏਧਰ ਫ਼ਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 39 ਹਜ਼ਾਰ 961 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਏ, ਜਿਸ ਵਿੱਚੋਂ 32 ਹਜ਼ਾਰ 523 ਮੀਟ੍ਰਿਕ ਟਨ ਕਣਕ ਖਰੀਦੀ ਗਈ ਏ।

---

ਪੰਜਾਬ ਵਿਚ ਸਵੀਪ ਗਤੀਵਿਧੀਆਂ ਰਾਹੀਂ ਲੋਕਾਂ ਨੂੰ ਜਾਗਰੂਕ ਕਰਨ ਦਾ ਸਿਲਸਿਲਾ ਲਗਾਤਾਰ ਚੱਲ ਰਿਹੈ। ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ ਅਨੁਸਾਰ ਭੁੱਚੋ ਮੰਡੀ ਹਲਕੇ 'ਚ ਪੈਂਦੇ ਸੰਤ ਕਬੀਰ ਕਾਨਵੈਂਟ ਸਕੂਲ ਵਿਚ ਸਵੀਪ ਗਤੀਵਿਧੀਆਂ ਤਹਿਤ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ। ਇਸ ਮੌਕੇ 158 ਵਿਦਿਆਰਥੀਆਂ ਨੇ ਹਿੱਸਾ ਲਿਆ। ਰੈਲੀ ਦੌਰਾਨ ਵੋਟ ਦੀ ਮਹੱਤਤਾ ਦੇ ਮੱਦੇਨਜ਼ਰ ਵਿਦਿਆਰਥੀਆਂ ਵਲੋਂ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਸਕਿੱਟ ਅਤੇ ਨੁੱਕੜ ਨਾਟਕ ਪੇਸ਼ ਕੀਤੇ ਗਏ। 18 ਸਾਲ ਦੇ ਨੌਜਵਾਨ ਵਿਦਿਆਰਥੀਆਂ ਨੂੰ ਨਵੀਂ ਵੋਟ ਬਣਾਉਣ ਲਈ ਉਤਸਾਹਿਤ ਕੀਤਾ ਗਿਆ ਤੇ ਵੋਟ ਦੀ ਮੱਹਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸੇ ਸਿਲਸਿਲੇ ਵਿੱਚ ਪਰਸ ਰਾਮ ਨਗਰ ਸਥਿਤ ਸ਼ਹੀਦ ਸਿਪਾਹੀ ਸੰਦੀਪ ਸਿੰਘ ਸਕੂਲ ਆਫ਼ ਐਮੀਨੈਂਸ ਵਿਖੇ ਵੀ ਸਵੀਪ

ਗਤੀਵਿਧੀਆਂ ਤਹਿਤ ਵਿਸ਼ੇਸ਼ ਕੈਂਪ ਲਾਇਆ ਗਿਆ। ਕੈਂਪ ਦੌਰਾਨ ਬਠਿੰਡਾ (ਸ਼ਹਿਰੀ) ਸਵੀਪ ਟੀਮ ਮੈਂਬਰਾਂ ਵੱਲੋ, ਲੋਕਾਂ ਨੂੰ ਵੋਟ ਦੀ ਵਰਤੋਂ ਕਰਕੇ ਭਾਰਤੀ ਲੋਕਤੰਤਰ ਨੂੰ ਮਜਬੂਤ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਕੈਂਪ ਦੌਰਾਨ 170 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

---

ਓਧਰ ਮੋਗਾ ਦੇ ਜ਼ਿਲ੍ਹਾ ਚੋਣ ਅਫ਼ਸਰ ਕੁਲਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੈਕਟਰ ਅਫ਼ਸਰ ਦਲਬੀਰ ਸਿੰਘ ਵੱਲੋਂ ਘਰ ਘਰ ਜਾ ਕੇ ਲੋਕਾਂ ਨੂੰ ਵੋਟ ਬਣਾਉਣ ਅਤੇ ਇਸਦੇ ਵਰਤੋਂ ਬਾਰੇ ਜਾਗਰੂਕ ਕੀਤਾ ਜਾ ਰਿਹੈ। ਇਸ ਮੌਕੇ ਉਨ੍ਹਾਂ ਨਾਲ BLOs ਤੇ ਆਂਗਣਵਾੜੀ ਵਰਕਰ ਵੀ ਮੌਜੂਦ ਰਹੇ। ਦਲਬੀਰ ਸਿੰਘ ਨੇ ਲੋਕਾਂ ਨੂੰ ਵੋਟਰ ਹੈਲਪਾਈਨ ਐਪ, ਸਕਸ਼ਮ ਐਪ ਅਤੇ ਵੋਟਰ ਵੈਬ ਪੋਰਟਲ ਬਾਰੇ ਜਾਣਕਾਰੀ ਦਿੱਤੀ। ਓਧਰ ਧਰਮਕੋਟ ਵਿਖੇ ਵੋਟ ਕਰਨ ਦਾ ਨਾਅਰਾ ਘਰ-ਘਰ ਪਹੁੰਚਾਇਆ ਜਾ ਰਿਹਾ ਏ ਤਾਂ ਕਿ ਮਜ਼ਬੂਤ ਲੋਕਤੰਤਰ ਦੇ ਨਿਰਮਾਣ ਵਿੱਚ ਹਰ ਇੱਕ ਯੋਗ ਨਾਗਰਿਕ ਦਾ ਯੋਗਦਾਨ ਯਕੀਨੀ ਬਣਾਇਆ ਜਾ ਸਕੇ। ਉਪ ਮੰਡਲ ਮੈਜਿਸਟ੍ਰੇਟ ਜਸਪਾਲ ਸਿੰਘ ਨੇ ਦੱਸਿਆ ਕਿ ਸਵੀਪ ਟੀਮਾਂ ਵੱਲੋਂ ਜਾਗਰੂਕਤਾ ਗਤੀਵਿਧੀਆਂ ਤਹਿਤ ਸਕੂਲ ਵੈਨਾਂ ਉੱਪਰ

ਵੋਟਰ ਜਾਗਰੂਕਤਾ ਪੋਸਟਰ ਲਗਾਏ ਗਏ ਨੇ ਅਤੇ ਵੋਟਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹੈ।

-------------------------------------------------------

ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਖੇਤਰ ਚੋਂ, ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲੀਸ ਨੇ ਸਾਂਝੇ ਤੌਰ ’ਤੇ 2 ਡਰੋਨ ਬਰਾਮਦ ਕੀਤੇ ਨੇ। ਸਰਹੱਦੀ ਖੇਤਰ ਦੀਆਂ ਦੋ ਵੱਖ-ਵੱਖ ਥਾਵਾਂ 'ਤੇ ਡਰੋਨਾਂ ਦੀ ਮੌਜੂਦਗੀ ਬਾਰੇ ਖੁਫੀਆ ਜਾਣਕਾਰੀ ਦੇ ਆਧਾਰ 'ਤੇ, ਪੰਜਾਬ ਪੁਲਿਸ ਦੇ ਨਾਲ ਬੀ.ਐਸ.ਐਫ ਦੇ ਜਵਾਨਾਂ ਨੇ ਸ਼ੱਕੀ ਖੇਤਰਾਂ ਵਿੱਚ ਸਾਂਝੇ ਖੋਜ ਅਭਿਆਨ ਚਲਾਇਆ, ਜਿਸ ਦੌਰਾਨ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਹਰਦੋ ਰਤਨ ਅਤੇ ਪਿੰਡ ਦਾਉਕੇ ਦੇ ਨਾਲ ਲੱਗਦੇ ਖੇਤਾਂ ਵਿਚੋਂ 2 ਡਰੋਨ ਬਰਾਮਦ ਹੋਏ। ਦੋਵੇਂ ਡਰੋਨ ਚੀਨ ਦੇ ਬਣੇ ਹੋਏ ਨੇ।

-------------------------------------------------------

ਅੱਜ ਮਹਾਵੀਰ ਜੈਯੰਤੀ ਸ਼ਰਧਾ ਭਾਵ ਨਾਲ ਮਨਾਈ ਜਾ ਰਹੀ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਰਾਸ਼ਟਰਪਤੀ ਨੇ ਇੱਕ ਸੰਦੇਸ਼ ਵਿੱਚ ਕਿਹਾ ਕਿ ਇਹ ਤਿਉਹਾਰ, ਸਾਨੂੰ ਪਿਆਰ ਅਤੇ ਸ਼ਾਂਤੀ ਦਾ ਸੰਦੇਸ਼ ਦਿੰਦਾ ਏ। ਪ੍ਰਧਾਨ

ਮੰਤਰੀ ਮੋਦੀ ਨੇ ਕਿਹਾ ਕਿ ਭਗਵਾਨ ਮਹਾਂਵੀਰ ਨੇ ਅਹਿੰਸਾ, ਸੱਚਾਈ, ਨਿਰ-ਸਵਾਰਥਤਾ ਅਤੇ ਤਿਆਗ ਦੇ ਸਿਧਾਂਤ ਦੇ ਕੇ ਸ਼ਾਂਤੀਪੂਰਨ ਸਹਿ-ਹੋਂਦ ਅਤੇ ਵਿਸ਼ਵ ਭਾਈਚਾਰੇ ਨੂੰ ਉਤਸ਼ਾਹਿਤ ਕੀਤਾ। ਪ੍ਰਧਾਨ ਮੰਤਰੀ ਨੇ ਇਸ ਮੌਕੇ 'ਤੇ, ਅੱਜ ਨਵੀਂ ਦਿੱਲੀ 'ਚ 2550ਵੇਂ ਭਗਵਾਨ ਮਹਾਵੀਰ ਨਿਰਵਾਣ ਮਹੋਤਸਵ ਦਾ ਉਦਘਾਟਨ ਕੀਤਾ। ਇਸ ਮੌਕੇ ਸ੍ਰੀ ਮੋਦੀ ਨੇ ਯਾਦਗਾਰੀ ਡਾਕ ਟਿਕਟ ਅਤੇ ਸਿੱਕਾ ਵੀ ਜਾਰੀ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਉਨ੍ਹਾਂ ਕਿਹਾ, ਭਾਰਤ ਸਿਰਫ਼ ਆਪਣੇ ਲਈ ਨਹੀਂ ਸਗੋਂ ਸਾਰਿਆਂ ਲਈ ਸੋਚਦਾ ਏ। ਪ੍ਰਧਾਨ ਮੰਤਰੀ ਨੇ ਕਿਹਾ, ਭਾਰਤ ਵਿਸ਼ਵ ਪੱਧਰ 'ਤੇ ਆਤਮ-ਵਿਸ਼ਵਾਸ ਨਾਲ ਸੱਚ, ਅਹਿੰਸਾ ਦੇ ਮੰਤਰ ਨੂੰ ਪੇਸ਼ ਕਰ ਰਿਹਾ ਏ।

---

ਗੁਰਦਾਸਪੁਰ ਵਿਖੇ 14 ਤੋਂ 20 ਅਪ੍ਰੈਲ ਤੱਕ ਫਾਇਰ ਸੇਫਟੀ ਹਫਤਾ ਮਨਾਇਆ ਗਿਆ। 14 ਅਪ੍ਰੈਲ 1944 ਨੂੰ ਗੁਰਦਾਸਪੁਰ ਫਾਇਰ ਬ੍ਰਿਗੇਡ ਵੱਲੋਂ ਬੰਬਈ ਬੰਦਰਗਾਹ 'ਤੇ ਲੱਗੀ ਅੱਗ ਨੂੰ ਬੁਝਾਉਣ ਸਮੇਂ ਵੱਖ-ਵੱਖ ਘਟਨਾਵਾਂ ਵਿੱਚ ਜਾਨ ਗਵਾਉਣ ਵਾਲੇ 66 ਫਾਇਰ ਮੈਨ ਅਤੇ ਹੋਰ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ 2 ਮਿੰਟ ਦਾ ਮੌਨ ਰੱਖਿਆ ਗਿਆ। ਗੁਰਦਾਸਪੁਰ ਵਿੱਚ ਫਾਇਰ ਬ੍ਰਿਗੇਡ ਵੱਲੋਂ, ਇੰਚਾਰਜ

ਸੁਖਵਿੰਦਰ ਪਾਲ ਦੀ ਅਗਵਾਈ ਵਿੱਚ ਇਕ ਫਲੈਗ ਮਾਰਚ ਕੱਢਿਆ ਗਿਆ। ਇਸ ਮੌਕੇ ਸਕੂਲਾਂ, ਰੇਲਵੇ ਸਟੇਸ਼ਨਾਂ ਅਤੇ ਹਸਪਤਾਲਾਂ ਵਿੱਚ ਲੋਕਾਂ ਨੂੰ ਫਾਇਰ ਸੇਫਟੀ ਬਾਰੇ ਜਾਗਰੂਕ ਕੀਤਾ ਗਿਆ।